**ਪਉੜੀ ॥ ਤਿਥੈ ਤੂ ਸਮਰਥੁ ਜਿਥੈ ਕੋਇ ਨਾਹਿ ॥ ਓਥੈ ਤੇਰੀ ਰਖ ਅਗਨੀ ਉਦਰ ਮਾਹਿ ॥ ਸੁਣਿ ਕੈ ਜਮ ਕੇ ਦੂਤ ਨਾਇ ਤੇਰੈ ਛਡਿ ਜਾਹਿ ॥ ਭਉਜਲੁ ਬਿਖਮੁ ਅਸਗਾਹੁ ਗੁਰ ਸਬਦੀ ਪਾਰਿ ਪਾਹਿ ॥ ਜਿਨ ਕਉ ਲਗੀ ਪਿਆਸ ਅੰਮ੍ਰਿਤੁ ਸੇਇ ਖਾਹਿ ॥ ਕਲਿ ਮਹਿ ਏਹੋ ਪੁੰਨੁ ਗੁਣ ਗੋਵਿੰਦ ਗਾਹਿ ॥ ਸਭਸੈ ਨੋ ਕਿਰਪਾਲੁ ਸਮ੍ਹਾਲੇ ਸਾਹਿ ਸਾਹਿ ॥ ਬਿਰਥਾ ਕੋਇ ਨ ਜਾਇ ਜਿ ਆਵੈ ਤੁਧੁ ਆਹਿ ॥੯॥** {ਪੰਨਾ 962}

ਪਦਅਰਥ:- ਸਮਰਥੁ—ਸਹਾਇਤਾ ਕਰਨ ਜੋਗਾ। ਰਖ —ਰਖਿਆ, ਆਸਰਾ। ਉਦਰ ਅਗਨੀ—(ਮਾਂ ਦੇ) ਪੇਟ ਦੀ ਅੱਗ। ਬਿਖਮੁ —ਔਖਾ। ਅਸਗਾਹੁ—ਬਹੁਤ ਡੂੰਘਾ, ਜਿਸ ਦੀ ਹਾਥ ਨ ਪੈ ਸਕੇ। ਪਾਰਿ ਪਾਹਿ—ਪਾਰ ਲੰਘ ਜਾਂਦੇ ਹਨ। ਸੇਇ —ਉਹੀ ਬੰਦੇ। ਕਲਿ —ਸੰਸਾਰ। ਪੁੰਨ—ਨੇਕ ਕੰਮ। ਗਾਹਿ —ਗਾਂਦੇ ਹਨ। ਸਭਸੈ ਨੋ —ਹਰੇਕ ਜੀਵ ਨੂੰ। ਸਾਹਿ ਸਾਹਿ —ਹਰੇਕ ਸੁਆਸ ਵਿਚ। ਬਿਰਥਾ —ਖ਼ਾਲੀ। ਤੁਧੁ ਆਹਿ—ਤੇਰੀ ਸਰਨ। ਅੰਮ੍ਰਿਤੁ—ਆਤਮਕ ਜੀਵਨ ਦੇਣ ਵਾਲਾ ਨਾਮ-ਜਲ। ਖਾਹਿ—ਖਾਂਦੇ ਹਨ, ਛਕਦੇ ਹਨ। ਜਿ—ਜਿਹੜਾ।

ਅਰਥ:- (ਹੇ ਪ੍ਰਭੂ!) ਜਿੱਥੇ ਹੋਰ ਕੋਈ (ਜੀਵ ਸਹਾਇਤਾ ਕਰਨ ਜੋਗਾ ) ਨਹੀਂ ਉਥੇ, ਹੇ ਪ੍ਰਭੂ! ਤੂੰ ਹੀ ਮਦਦ ਕਰਨ ਜੋਗਾ ਹੈਂ, ਮਾਂ ਦੇ ਪੇਟ ਦੀ ਅੱਗ ਵਿਚ ਜੀਵ ਨੂੰ ਤੇਰਾ ਹੀ ਸਹਾਰਾ ਹੁੰਦਾ ਹੈ।

(ਹੇ ਪ੍ਰਭੂ! ਤੇਰਾ ਨਾਮ) ਸੁਣ ਕੇ ਜਮਦੂਤ (ਨੇੜੇ ਨਹੀਂ ਢੁਕਦੇ), ਤੇਰੇ ਨਾਮ ਦੀ ਬਰਕਤਿ ਨਾਲ (ਜੀਵ ਨੂੰ) ਛੱਡ ਕੇ ਚਲੇ ਜਾਂਦੇ ਹਨ। ਇਸ ਔਖੇ ਤੇ ਅਥਾਹ ਸੰਸਾਰ -ਸਮੁੰਦਰ ਨੂੰ ਜੀਵ ਗੁਰੂ ਦੇ ਸ਼ਬਦ (ਦੀ ਸਹਾਇਤਾ) ਨਾਲ ਪਾਰ ਕਰ ਲੈਂਦੇ ਹਨ।

ਪਰ ਉਹੀ ਬੰਦੇ ਆਤਮਕ ਜੀਵਨ ਦੇਣ ਵਾਲਾ ਨਾਮ -ਜਲ ਛਕਦੇ ਹਨ ਜਿਨ੍ਹਾਂ ਦੇ ਅੰਦਰ ਇਸ ਦੀ ਭੁੱਖ-ਪਿਆਸ ਪੈਦਾ ਹੋਈ ਹੈ , ਜੇਹੜੇ ਸੰਸਾਰ ਵਿਚ ਨਾਮ -ਸਿਮਰਨ ਨੂੰ ਹੀ ਸਭ ਤੋਂ ਚੰਗਾ ਨੇਕ ਕੰਮ ਜਾਣ ਕੇ ਪ੍ਰਭੂ ਦੇ ਗੁਣ ਗਾਂਦੇ ਹਨ।

ਕਿਰਪਾਲ ਪ੍ਰਭੂ ਹਰੇਕ ਜੀਵ ਦੀ ਸੁਆਸ ਸੁਆਸ ਸੰਭਾਲ ਕਰਦਾ ਹੈ।

ਹੇ ਪ੍ਰਭੂ! ਜਿਹੜਾ ਜੀਵ ਤੇਰੀ ਸਰਨ ਆਉਂਦਾ ਹੈ ਉਹ (ਤੇਰੇ ਦਰ ਤੋਂ) ਖ਼ਾਲੀ ਨਹੀਂ ਜਾਂਦਾ।9।